ਬਿਲਾਵਲੁ ਮਹਲਾ ੫ ॥ ਰਾਖਹੁ ਅਪਨੀ ਸਰਣਿ ਪ੍ਰਭ ਮੋਹਿ ਕਿਰਪਾ ਧਾਰੇ ॥ ਸੇਵਾ ਕਛੂ ਨ ਜਾਨਊ ਨੀਚੁ ਮੂਰਖਾਰੇ ॥੧॥ ਮਾਨੁ ਕਰਉ ਤੁਧੁ ਊਪਰੇ ਮੇਰੇ ਪ੍ਰੀਤਮ ਪਿਆਰੇ ॥ ਹਮ ਅਪਰਾਧੀ ਸਦ ਭੂਲਤੇ ਤੁਮ੍ਹ੍ਹ ਬਖਸਨਹਾਰੇ ॥੧ ॥ ਰਹਾਉ ॥ ਹਮ ਅਵਗਨ ਕਰਹ ਅਸੰਖ ਨੀਤਿ ਤੁਮ੍ਹ੍ਹ ਨਿਰਗੁਨ ਦਾਤਾਰੇ ॥ ਦਾਸੀ ਸੰਗਤਿ ਪ੍ਰਭੂ ਤਿਆਗਿ ਏ ਕਰਮ ਹਮਾਰੇ ॥੨ ॥ ਤੁਮ੍ਹ੍ਹ ਦੇਵਹੁ ਸਭੁ ਕਿਛੁ ਦਇਆ ਧਾਰਿ ਹਮ ਅਕਿਰਤਘਨਾਰੇ ॥ ਲਾਗਿ ਪਰੇ ਤੇਰੇ ਦਾਨ ਸਿਉ ਨਹ ਚਿਤਿ ਖਸਮਾਰੇ ॥੩ ॥ ਤੁਝ ਤੇ ਬਾਹਰਿ ਕਿਛੁ ਨਹੀ ਭਵ ਕਾਟਨਹਾਰੇ ॥ ਕਹੁ ਨਾਨਕ ਸਰਣਿ ਦਇਆਲ ਗੁਰ ਲੇਹੁ ਮੁਗਧ ਉਧਾਰੇ ॥੪॥੪॥੩੪॥ {ਪੰਨਾ 809}

ਪਦਅਰਥ:- ਪ੍ਰਭ—ਹੇ ਪ੍ਰਭੂ! ਮੋਹਿ—ਮੈਨੂੰ। ਕਿਰਪਾ ਧਾਰੇ —ਕਿਰਪਾ ਧਾਰਿ, ਕਿਰਪਾ ਕਰ ਕੇ। ਨ ਜਾਨਉ—ਨ ਜਾਨਉਂ , ਮੈਂ ਨਹੀਂ ਜਾਣਦਾ। ਨੀਚ —ਨੀਵੇਂ ਆਤਮਕ ਜੀਵਨ ਵਾਲਾ। ਮੂਰਖਾਰੇ — ਮੂਰਖ।1।

ਮਾਨੁ—ਫ਼ਖ਼ਰ। ਮਾਨੁ ਕਰਉ —ਮਾਨੁ ਕਰਉਂ, ਮੈਂ ਫ਼ਖ਼ਰ ਕਰਦਾ ਹਾਂ , ਮੈਂ ਭਰੋਸਾ ਰੱਖੀ ਬੈਠਾ ਹਾਂ। ਊਪਰੇ—ਉਪਰ ਹੀ, ਉੱਤੇ ਹੀ। ਪ੍ਰੀਤਮ—ਹੇ ਪ੍ਰੀਤਮ! ਸਦ—ਸਦਾ। ਤੁਮ੍ਹ੍ਹ—{ਅੱਖਰ 'ਨ' ਦੇ ਨਾਲ ਅੱਧਾ 'ਹ' ਹੈ}। ਬਖਸਨਹਾਰੇ—ਬਖ਼ਸ਼ਸ਼ ਕਰਨ ਦੀ ਸਮਰਥਾ ਵਾਲਾ।1। ਰਹਾਉ।

ਹਮ ਕਰਹ—ਅਸੀਂ ਕਰਦੇ ਹਾਂ {ਕਰਹ—ਵਰਤਮਾਨ ਕਾਲ, ਉੱਤਮ ਪੁਰਖ, ਬਹੁ-ਵਚਨ}। ਨੀਤਿ—ਨਿੱਤ, ਸਦਾ। ਨਿਰਗੁਨ ਦਾਤਾਰੇ —ਗੁਣ ਹੀਨਾਂ ਦਾ ਦਾਤਾ। ਦਾਸੀ —(ਤੇਰੀ) ਦਾਸੀ, ਮਾਇਆ। ਤਿਆਗਿ—ਵਿਸਾਰ ਕੇ।2।

ਸਭੁ ਕਿਛੁ—ਹਰੇਕ ਚੀਜ਼। ਅਕਿਰਤਘਨਾਰੇ—{øq%n—ਕੀਤੇ (ਉਪਕਾਰ) ਨੂੰ ਭੁਲਾਣ ਵਾਲੇ} ਨਾ-ਸ਼ੁਕਰੇ। ਲਾਗਿ ਪਰੇ—ਮੋਹ ਕਰ ਰਹੇ ਹਾਂ। ਸਿਉ—ਨਾਲ। ਚਿਤਿ—ਚਿੱਤ ਵਿਚ।3।

ਤੇ—ਤੋਂ। ਬਾਹਰਿ —ਆਕੀ, ਵੱਖਰਾ। ਭਵ —ਜਨਮ ਮਰਨ (ਦਾ ਗੇੜ )। ਗੁਰ—ਹੇ ਗੁਰੂ ! ਲੇਹ ਉਧਾਰੇ—ਉਧਾਰਿ ਲੇਹੁ, ਬਚਾ ਲੈ। ਮੁਗਧ—ਮੂਰਖ।4।

ਅਰਥ:- ਹੇ ਮੇਰੇ ਪ੍ਰੀਤਮ! ਹੇ ਮੇਰੇ ਪਿਆਰੇ! ਅਸੀਂ ਜੀਵ ਸਦਾ ਅਪਰਾਧ ਕਰਦੇ ਰਹਿੰਦੇ ਹਾਂ , ਭੁੱਲਾਂ ਕਰਦੇ ਰਹਿੰਦੇ ਹਾਂ, ਤੂੰ ਸਦਾ ਸਾਨੂੰ ਬਖ਼ਸ਼ਣ ਵਾਲਾ ਹੈਂ (ਇਸ ਕਰਕੇ) ਮੈਂ ਤੇਰੇ ਉਤੇ ਹੀ (ਤੇਰੀ ਬਖ਼ਸ਼ਸ਼ ਉਤੇ ਹੀ) ਭਰੋਸਾ ਰੱਖਦਾ ਹਾਂ।1। ਰਹਾਉ।

ਹੇ ਪ੍ਰਭੂ! ਮੇਹਰ ਕਰ ਕੇ ਤੂੰ ਮੈਨੂੰ ਆਪਣੀ ਹੀ ਸਰਨ ਵਿਚ ਰੱਖ। ਮੈਂ ਨੀਵੇਂ ਜੀਵਨ ਵਾਲਾ ਹਾਂ , ਮੈਂ

ਮੂਰਖ ਹਾਂ। ਮੈਨੂੰ ਤੇਰੀ ਸੇਵਾ-ਭਗਤੀ ਕਰਨ ਦੀ ਜਾਚ-ਅਕਲ ਨਹੀਂ ਹੈ।1।

ਹੇ ਪ੍ਰਭੂ! ਅਸੀਂ ਸਦਾ ਹੀ ਅਣਗਿਣਤ ਔਗੁਣ ਕਰਦੇ ਰਹਿੰਦੇ ਹਾਂ , ਤੂੰ (ਫਿਰ ਭੀ) ਸਾਨੂੰ ਗੁਣ-ਹੀਨਾਂ ਨੂੰ ਅਨੇਕਾਂ ਦਾਤਾਂ ਦੇਣ ਵਾਲਾ ਹੈਂ। ਹੇ ਪ੍ਰਭੂ! ਸਾਡੇ ਨਿੱਤ ਦੇ ਕਰਮ ਤਾਂ ਇਹ ਹਨ ਕਿ ਅਸੀਂ ਤੈਨੂੰ ਭੁਲਾ ਕੇ ਤੇਰੀ ਟਹਿਲਣ (ਮਾਇਆ) ਦੀ ਸੰਗਤਿ ਵਿਚ ਟਿਕੇ ਰਹਿੰਦੇ ਹਾਂ।2।

ਹੇ ਪ੍ਰਭੂ! ਅਸੀਂ (ਜੀਵ) ਨਾ-ਸ਼ੁਕਰੇ ਹਾਂ; ਤੂੰ (ਫਿਰ ਭੀ) ਮੇਹਰ ਕਰ ਕੇ ਸਾਨੂੰ ਹਰੇਕ ਚੀਜ਼ ਦੇਂਦਾ ਹੈਂ। ਹੇ ਖਸਮ-ਪ੍ਰਭੂ! ਅਸੀਂ ਤੈਨੂੰ ਆਪਣੇ ਚਿੱਤ ਵਿਚ ਨਹੀਂ ਵਸਾਂਦੇ , ਸਦਾ ਤੇਰੀਆਂ ਦਿੱਤੀਆਂ ਦਾਤਾਂ ਨੂੰ ਹੀ ਚੰਬੜੇ ਰਹਿੰਦੇ ਹਾਂ।3।

ਹੇ (ਜੀਵਾਂ ਦੇ) ਜਨਮ ਦੇ ਗੇੜ ਕੱਟਣ ਵਾਲੇ ! (ਜਗਤ ਵਿਚ) ਕੋਈ ਭੀ ਚੀਜ਼ ਤੈਥੋਂ ਆਕੀ ਨਹੀਂ ਹੋ ਸਕਦੀ (ਸਾਨੂੰ ਭੀ ਸਹੀ ਜੀਵਨ -ਰਾਹ ਉਤੇ ਪਾਈ ਰੱਖ )। ਹੇ ਨਾਨਕ! ਆਖ—ਹੇ ਦਇਆ ਦੇ ਸੋਮੇ ਗੁਰੂ! ਅਸੀਂ ਤੇਰੀ ਸਰਨ ਆਏ ਹਾਂ, ਸਾਨੂੰ ਮੂਰਖਾਂ ਨੂੰ (ਔਗੁਣਾਂ ਭੁੱਲਾਂ ਤੋਂ) ਬਚਾਈ ਰੱਖ।4। 4। 34।